**ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਰਾਸ਼ਟਰਪਤੀ ਮੈਕ੍ਰੋਂ ਦੀ ਟੈਲੀਫੋਨ ਕਾਲ ਆਈ**

21 ਅਗਸਤ 2025

ਅੱਜ, ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਫਰਾਂਸ ਗਣਰਾਜ ਦੇ ਰਾਸ਼ਟਰਪਤੀ ਮਹਾਮਹਿਮ ਇਮੈਨੁਅਲ ਮੈਕ੍ਰੋਂ ਨਾਲ ਫੋਨ ’ਤੇ ਗੱਲ ਹੋਈ।

ਨੇਤਾਵਾਂ ਨੇ ਯੂਕ੍ਰੇਨ ਅਤੇ ਪੱਛਮ ਏਸ਼ੀਆ ਖੇਤਰ ਦੇ ਸੰਘਰਸ਼ਾਂ ਦੇ ਸ਼ਾਂਤੀਪੂਰਨ ਸਮਾਧਾਨ ਦੇ ਲਈ ਚਲ ਰਹੇ ਯਤਨਾਂ ’ਤੇ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ।

ਰਾਸ਼ਟਰਪਤੀ ਮੈਕ੍ਰੋਂ ਨੇ ਵਾਸ਼ਿੰਗਟਨ ਵਿੱਚ ਯੂਰੋਪ, ਅਮਰੀਕਾ ਅਤੇ ਯੂਕ੍ਰੇਨ ਦੇ ਨੇਤਾਵਾਂ ਦਰਮਿਆਨ ਹਾਲ ਹੀ ਵਿੱਚ ਹੋਈਆਂ ਬੈਠਕਾਂ ’ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਗਾਜ਼ਾ ਦੀ ਸਥਿਤੀ ’ਤੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਪ੍ਰਧਾਨ ਮੰਤਰੀ ਮੋਦੀ ਨੇ ਸੰਘਰਸ਼ਾਂ ਦੇ ਸਾਂਤੀਪੂਰਨ ਸਮਾਧਾਨ ਅਤੇ ਸ਼ਾਂਤੀ ਅਤੇ ਸਥਿਰਤਾ ਦੀ ਜਲਦੀ ਬਹਾਲੀ ਦੇ ਲਈ ਭਾਰਤ ਦੇ ਸਮਰਥਨ ਨੂੰ ਦੁਹਰਾਇਆ।

ਦੋਨੋਂ ਨੇਤਾਵਾਂ ਨੇ ਵਪਾਰ, ਰੱਖਿਆ, ਸਿਵਿਲ ਪਰਮਾਣੂ ਸਹਿਯੋਗ, ਟੈਕਨੋਲੋਜੀ ਅਤੇ ਊਰਜਾ ਸਹਿਤ ਦੁਵੱਲੇ ਸਹਿਯੋਗ ਏਜੰਡੇ ਵਿੱਚ ਪ੍ਰਗਤੀ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਨੇ ਭਾਰਤ-ਫਰਾਂਸ ਰਣਨੀਤਕ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਅਤੇ 2026 ਨੂੰ ‘ਈਅਰ ਆਫ ਇਨੋਵੇਸ਼ਨ’ ਦੇ ਰੂਪ ਵਿੱਚ ਮਨਾਉਣ ਦੀ ਸੰਯੁਕਤ ਪ੍ਰਤੀਬੱਧਤਾ ਦੁਹਰਾਈ।

ਰਾਸ਼ਟਰਪਤੀ ਮੈਕ੍ਰੋਂ ਨੇ ਭਾਰਤ ਅਤੇ ਯੂਰੋਪੀ ਸੰਘ ਦਰਮਿਆਨ ਮੁਕਤ ਵਪਾਰ ਸਮਝੌਤੇ ਨੂੰ ਜਲਦੀ ਪੂਰਾ ਕਰਨ ਦੇ ਲਈ ਵੀ ਸਮਰਥਨ ਵਿਅਕਤ ਕੀਤਾ।

ਦੋਨੋਂ ਨੇਤਾਵਾਂ ਨੇ ਸਾਰੇ ਮੁੱਦਿਆਂ ’ਤੇ ਸੰਪਰਕ ਵਿੱਚ ਬਣੇ ਰਹਿਣ ’ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ

21 ਅਗਸਤ 2025